# ਕਣਕ ਦੀ ਖ੍ਰੀਦ ਦੇ ਕੀਤੇ ਗਏ ਸੁਚਾਰੂ ਪ੍ਰਬੰਧਾਂ ਸਦਕਾ ਮੰਡੀਆਂ 'ਚ ਕਿਸਾਨਾਂ ਨੂੰ ਜਿਣਸ ਵੇਚਣ ਲਈ ਨਹੀ ਆਈ ਕੋਈ ਦਿੱਕਤ-ਥਿੰਦ

## Õ ਜ਼ਿਲ੍ਹੇ ਦੀਆਂ ਮੰਡੀਆਂ 'ਚ ਪਿਛਲੇ ਸਾਲ ਦੇ ਮੁਕਾਬਲੇ 81,818 ਮੀਟ੍ਰਿਕ ਟਨ ਵੱਧ ਕਣਕ ਦੀ ਹੋਈ ਖ੍ਰੀਦ

## Õ ਇਸ ਸਾਲ ਹੋ ਚੁੱਕੀ ਹੈ 7,31,227 ਮੀਟ੍ਰਿਕ ਟਨ ਕਣਕ ਦੀ ਖ੍ਰੀਦ

## Õ ਖ੍ਰੀਦੀ ਗਈ ਕਣਕ ਦੀ ਕਿਸਾਨਾਂ ਨੂੰ ਅਦਾਇਗੀ ਲਈ 937.05 ਕਰੋੜ ਰੁਪਏ (95.07 ਫ਼ੀਸਦੀ) ਜਾਰੀ

## Õ ਜ਼ਿਲ੍ਹੇ ਦੀਆਂ ਮੰਡੀਆਂ 'ਚ 7,31,245 ਮੀਟ੍ਰਿਕ ਟਨ ਕਣਕ ਪੁੱਜੀ

ਮੋਗਾ 12 ਮਈ :

ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਆਦੇਸ਼ਾਂ ਤਹਿਤ ਕਣਕ ਦੀ ਖ੍ਰੀਦ ਦੇ ਕੀਤੇ ਗਏ ਸੁਚਾਰੂ ਪ੍ਰਬੰਧਾਂ ਸਦਕਾ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੀਆਂ ਮੰਡੀਆਂ 'ਚ ਕਿਸਾਨਾਂ ਨੂੰ ਆਪਣੀ ਜਿਣਸ ਵੇਚਣ ਲਈ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਕਰਨਾ ਨਹੀ ਪਿਆ। ਜ਼ਿਲ੍ਹੇ ਦੇ ਕਿਸਾਨਾਂ ਦੀ ਮਿਹਨਤ ਕਾਰਣ ਇਸ ਸਾਲ ਕਣਕ ਦੇ ਉਤਪਾਦਨ ਵਿੱਚ ਪਿਛਲੇ ਸਾਲ ਨਾਲੋਂ ਰਿਕਾਰਡ ਵਾਧਾ ਹੋਇਆ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ 81,818 ਮੀਟ੍ਰਿਕ ਟਨ ਵੱਧ ਕਣਕ ਦੀ ਖ੍ਰੀਦ ਹੋਈ ਹੈ। ਇਸ ਸੀਜ਼ਨ ਦੌਰਾਨ ਹੁਣ ਤੱਕ 7,31,227 ਮੀਟ੍ਰਿਕ ਟਨ ਕਣਕ ਦੀ ਖ੍ਰੀਦ ਕੀਤੀ ਜਾ ਚੁੱਕੀ ਹੈ, ਜਦ ਕਿ ਪਿਛਲੇ ਸਾਲ ਦੌਰਾਨ ਕੁੱਲ 6,49,409 ਮੀਟ੍ਰਿਕ ਟਨ ਕਣਕ ਦੀ ਖ੍ਰੀਦ ਹੋਈ ਸੀ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ 7,31,245 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ੍ਰੀਦ ਕੀਤੀ ਗਈ ਕਣਕ ਦੀ ਕਿਸਾਨਾਂ ਨੂੰ ਅਦਾਇਗੀ ਕਰਨ ਲਈ 937.05 ਕਰੋੜ ਰੁਪਏ (95.07 ਫ਼ੀਸਦੀ) ਜਾਰੀ ਕੀਤੇ ਜਾ ਚੁੱਕੇ ਹਨ। ਖ੍ਰੀਦ ਕੀਤੀ ਗਈ ਕਣਕ ਦਾ ਏਜੰਸੀ-ਵਾਈਜ਼ ਵੇਰਵਾ ਦਿੰਦਿਆਂ ਸ੍ਰੀ ਥਿੰਦ ਨੇ ਦੱਸਿਆ ਕਿ ਪਨਗਰੇਨ 1,76,971 ਮੀਟ੍ਰਿਕ ਟਨ ਕਣਕ ਖ੍ਰੀਦ ਕੇ ਮੋਹਰੀ ਰਿਹਾ ਹੈ, ਜਦ ਕਿ ਐਫ.ਸੀ.ਆਈ ਵੱਲੋਂ 1,18,200 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 1,57,694 ਮੀਟ੍ਰਿਕ ਟਨ, ਪਨਸਪ ਵੱਲੋਂ 1,47,878 ਮੀਟ੍ਰਿਕ ਟਨ, ਪੰਜਾਬ ਰਾਜ ਗੋਦਾਮ ਨਿਗਮ ਵੱਲੋਂ 72,829 ਮੀਟ੍ਰਿਕ ਟਨ, ਪੰਜਾਬ ਐਗਰੋ 53,693 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 3,962 ਮੀਟ੍ਰਿਕ ਟਨ ਕਣਕ ਦੀ ਖ੍ਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋ ਕਣਕ ਦੀ ਲਿਫ਼ਟਿੰਗ ਲਈ 72 ਘੰਟੇ ਦੀ ਤੈਅ ਸਮਾਂ ਸੀਮਾ ਤਹਿਤ 7,30,615 ਮੀਟ੍ਰਿਕ ਟਨ ਕਣਕ ਦੀ ਚੁਕਾਈ ਵੀ ਹੋ ਚੁੱਕੀ ਹੈ। ਉਨ੍ਹਾਂ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਦੀ ਵੀ ਅਪੀਲ ਕੀਤੀ।

---

ਨੰ: ਪੀ.ਆਰ(ਪ੍ਰੈ ਰੀ)2017/261

ਫ਼ੋਟੋ- ਡਿਪਟੀ ਕਮਿਸ਼ਨਰ ਸ੍ਰੀ ਪ੍ਰਵੀਨ ਕੁਮਾਰ ਥਿੰਦ